ਹਵਾਲਾ ਨੰ:..........................

ਮਿਤੀ :...............................

**ਬੇਨਤੀ ਪੱਤਰ**

ਸੇਵਾ ਵਿਖੇ

ਬਲਾਕ ਸਿੱਖਿਆ ਅਫ਼ਸਰ

-----------

ਵਿਸ਼ਾ: ਪੰਜਾਬ ਦੇ ਪ੍ਰਾਈਵੇਟ ਸਕੂਲਾਂ ਵਿਚ ਪਹਿਲੀ ਜਮਾਤ ਤੋਂ ਦਸਵੀਂ ਜਮਾਤ ਤੱਕ ਪੰਜਾਬੀ ਵਿਸ਼ੇ ਦੀ ਪੜ੍ਹਾਈ ਨੂੰ ਯਕੀਨੀ ਬਣਾਉਣ

ਅਤੇ

ਪ੍ਰਾਈਵੇਟ ਸਕੂਲਾਂ ਵਿਚ ਬੱਚਿਆਂ ਦੇ ਪੰਜਾਬੀ ਬੋਲਣ ਤੇ ਲਗਾਈ ਗਈ ਪਾਬੰਦੀ ਹਟਾਉਣ ਅਤੇ ਕੀਤੇ ਜਾਂਦੇ ਜੁਰਮਾਨੇ ਰੁਕਾਉਣ ਲਈ ਬੇਨਤੀ।

ਸ੍ਰੀ ਮਾਨ ਜੀ,

ਆਪ ਜੀ ਦੇ ਧਿਆਨ ਵਿਚ ਹੀ ਹੈ ਕਿ ਪੰਜਾਬ ਸਰਕਾਰ ਨੇ ਸਾਲ 1967 ਵਿਚ ਪੰਜਾਬੀ ਭਾਸ਼ਾ ਨੂੰ ਰਾਜ ਭਾਸ਼ਾ ਦਾ ਦਰਜਾ ਦੇ ਦਿੱਤਾ ਸੀ। ਪੰਜਾਬੀ ਦੇ ਵਿਕਾਸ ਅਤੇ ਪਸਾਰ ਨੂੰ ਯਕੀਨੀ ਬਣਾਉਣ ਲਈ ਸਾਲ 2008 ਵਿਚ ਪੰਜਾਬ ਸਰਕਾਰ ਵੱਲੋਂ 'ਪੰਜਾਬ ਪੰਜਾਬੀ ਅਤੇ ਹੋਰ ਭਾਸ਼ਾਵਾਂ ਜਾਣਕਾਰੀ ਐਕਟ, 2008' ਕਾਨੂੰਨ ਬਣਾਇਆ। ਇਸ ਕਾਨੂੰਨ ਰਾਹੀਂ ਪ੍ਰਾਈਵੇਟ ਸਕੂਲਾਂ ਵਿਚ ਦਸਵੀਂ ਜਮਾਤ ਤੱਕ ਦੀ ਪੰਜਾਬੀ ਵਿਸ਼ੇ ਦੀ ਪੜ੍ਹਾਈ ਨੂੰ ਲਾਜ਼ਮੀ ਕਰਨ ਦੀ ਵਿਵਸਥਾ ਕੀਤੀ ਗਈ। ਨਾਲ ਹੀ ਇਹ ਵਿਵਸਥਾ ਵੀ ਕੀਤੀ ਗਈ ਕਿ ਜਿੰਨਾ ਚਿਰ ਕੋਈ ਵਿਦਿਆਰਥੀ ਦਸਵੀਂ ਜਮਾਤ ਦਾ ਇਮਤਿਹਾਨ ਪੰਜਾਬੀ ਵਿਸ਼ੇ ਵਿਚ ਪਾਸ ਨਹੀਂ ਕਰਦਾ ਉਨਾ ਚਿਰ ਉਸ ਨੂੰ ਕੋਈ ਬੋਰਡ ਜਾਂ ਸੰਸਥਾ ਮੈਟ੍ਰਿਕ ਪਾਸ ਕਰਨ ਦਾ ਸਰਟੀਫਿਕੇਟ ਜਾਰੀ ਨਹੀਂ ਕਰ ਸਕਦੀ। ਪੰਜਾਬੀ ਪੜ੍ਹਾਉਣ ਤੋਂ ਭਾਵ ਪੰਜਾਬੀ ਪੜ੍ਹਨਾ, ਲਿਖਣਾ ਅਤੇ ਬੋਲਣਾ ਹੈ। ਇਸ ਪਰਿਭਾਸ਼ਾ ਅਨੁਸਾਰ ਕਿਸੇ ਵੀ ਬੱਚੇ ਦੇ ਪੰਜਾਬੀ ਬੋਲਣ ਤੇ ਕੋਈ ਸਕੂਲ ਪਾਬੰਦੀ ਨਹੀਂ ਲਾ ਸਕਦਾ ਅਤੇ ਨਾ ਹੀ ਇਸ ਹੁਕਮ ਦੀ ਉਲੰਘਣਾ ਕਰਨ ਤੇ ਜੁਰਮਾਨਾ ਕਰ ਸਕਦਾ ਹੈ।

ਪੰਜਾਬੀ ਭਾਸ਼ਾ ਦੇ ਹਿਤਾਇਸ਼ੀਆਂ ਦੇ ਜ਼ੋਰ ਪਾਉਣ ਤੇ ਪੰਜਾਬ ਸਰਕਾਰ ਦੀ ਹਦਾਇਤ ਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ.) ਵੱਲੋਂ 26 ਮਾਰਚ 2018 ਨੂੰ ਇਕ ਨਵਾਂ ਹੁਕਮ ਜਾਰੀ ਕਰਕੇ, ਪੰਜਾਬ ਦੇ ਸਾਰੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਨੂੰ ਕਾਨੂੰਨ ਦੀਆਂ ਇਹਨਾਂ ਵਿਵਸਥਾਵਾਂ ਦੀ ਸਖਤੀ ਨਾਲ ਪਾਲਣਾ ਕਰਨ ਦੀ ਹਦਾਇਤ ਕੀਤੀ ਹੈ।

ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਦੀ ਬੇਨਤੀ ਤੇ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ.) ਵੱਲੋਂ ਆਪਣੇ ਪੱਤਰ ਮਿਤੀ 26.12.2018 ਰਾਹੀਂ ਭਾਈਚਾਰੇ ਤੋਂ ਉਨ੍ਹਾਂ ਸਕੂਲਾਂ ਦੀ ਸੂਚਨਾ ਮੰਗੀ ਹੈ ਜਿੱਥੇ ਕਾਨੂੰਨ ਦੀਆਂ ਇਨ੍ਹਾਂ

ਵਿਵਸਥਾਵਾਂ ਅਤੇ ਸਰਕਾਰ ਦੇ ਨਵੇਂ ਹੁਕਮਾਂ ਦੀ ਉਲੰਘਣਾ ਹੁੰਦੀ ਹੈ।

ਸਰਕਾਰ ਦਾ ਪੰਜਾਬੀ ਭਾਸ਼ਾ ਪ੍ਰਤੀ ਇਹ ਸਮੱਰਪਣ ਸ਼ਲਾਘਾ ਯੋਗ ਹੈ।

ਹੁਣ ਸਰਕਾਰੀ ਅਧਿਕਾਰੀਆਂ ਦੀ ਜ਼ਿੰਮੇਵਾਰੀ ਹੈ ਕਿ ਉਹ ਮਾਂ ਬੋਲੀ ਪੰਜਾਬੀ ਦਾ ਕਰਜ਼ ਉਤਾਰਨ ਲਈ ਪੰਜਾਬ ਸਰਕਾਰ ਦੀਆਂ ਇਹਨਾਂ ਹਦਾਇਤਾਂ ਨੂੰ ਦਿਲੋਂ ਅਤੇ ਇੰਨ-ਬਿੰਨ ਲਾਗੂ ਕਰਨ।

ਖੇਦ ਨਾਲ ਆਪ ਜੀ ਦੇ ਧਿਆਨ ਵਿਚ ਇਹ ਲਿਆਂਦਾ ਜਾ ਰਿਹਾ ਹੈ ਕਿ ਆਪਣੇ ਜ਼ਿਲ੍ਹੇ ਦੇ ਕੁਝ ਪ੍ਰਾਈਵੇਟ ਸਕੂਲਾਂ ਨੇ ਹਾਲੇ ਤੱਕ ਕਾਨੂੰਨ ਦੀਆਂ ਉਕਤ ਵਿਵਸਥਾਵਾਂ ਅਤੇ ਸਰਕਾਰ ਦੇ ਨਵੇਂ ਹੁਕਮ ਦੀ ਇੰਨ-ਬਿੰਨ ਪਾਲਣਾ ਕਰਨੀ ਸ਼ੁਰੂ ਨਹੀਂ ਕੀਤੀ। ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਵੱਲੋਂ ਅਜਿਹੇ ਸਕੂਲਾਂ ਦੀ ਸੂਚੀ ਤਿਆਰ ਕੀਤੀ ਗਈ ਹੈ। ਇਹ ਸੂਚੀ ਬੇਨਤੀ ਪੱਤਰ ਨਾਲ ਨੱਥੀ ਕੀਤੀ ਜਾਂਦੀ ਹੈ।

ਇਸ ਬੇਨਤੀ ਪੱਤਰ ਰਾਹੀਂ 'ਪੰਜਾਬੀ ਭਾਸ਼ਾ ਪਸਾਰ ਭਾਈਚਾਰੇ' ਦੀ ਤਹਿਸੀਲ ਇਕਾਈ ਆਪ ਜੀ ਨੂੰ ਆਪਣੇ ਜ਼ਿਲ੍ਹੇ ਦੇ ਪ੍ਰਾਈਵੇਟ ਸਕੂਲਾਂ, ਖਾਸ ਕਰ ਸੂਚੀ ਵਿਚ ਦਰਜ ਸਕੂਲਾਂ, ਵਿਚ ਪਹਿਲੀ ਜਮਾਤ ਤੋਂ ਦਸਵੀਂ ਜਮਾਤ ਤੱਕ ਪੰਜਾਬੀ ਵਿਸ਼ੇ ਦੀ ਪੜ੍ਹਾਈ ਨੂੰ ਯਕੀਨੀ ਬਣਾਉਣ ਅਤੇ ਪ੍ਰਾਈਵੇਟ ਸਕੂਲਾਂ ਵਿਚ ਬੱਚਿਆਂ ਦੇ ਪੰਜਾਬੀ ਬੋਲਣ ਤੇ ਲਗਾਈ ਗਈ ਪਾਬੰਦੀ ਹਟਾਉਣ ਅਤੇ ਕੀਤੇ ਜਾਂਦੇ ਜੁਰਮਾਨੇ ਰੁਕਾਉਣ ਦੀ ਬੇਨਤੀ ਕਰਦੀ ਹੈ।

ਉਸਾਰੂ ਹੁੰਗਾਰੇ ਦੀ ਉਡੀਕ ਵਿਚ।

ਪੰਜਾਬੀ ਭਾਸ਼ਾ ਦੇ ਹਿਤੂ

1. 2. 3.